2025 2674

## ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ

ਕਮਰਾ ਨੰ. 225 ਬੀ-227 ਬੀ, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਠਿੰਡਾ-151001

ਈ-ਮੇਲ dlobti.pblanguages@gmail.com

ਸੇਵਾ ਵਿਖੇ

ਸਮੂਹ ਵਿਭਾਗਾਂ/ਅਦਾਰਿਆਂ ਦੇ ਮੁਖੀ
ਬਠਿੰਡਾ।

**ਪੱਤਰ ਨੰ. -2024/ 63** **ਮਿਤੀ, ਬਠਿੰਡਾ/ 04/02/25**

ਵਿਸ਼ਾ : **ਪੰਜਾਬ ਰਾਜ ਵਿੱਚ ਸਮੂਹ ਸਰਕਾਰੀ ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖੇ ਜਾਣ ਸੰਬੰਧੀ।**

ਸਤਿਕਾਰਯੋਗ ਜੀਓ,

ਉਪਰੋਕਤ ਵਿਸ਼ੇ ਸੰਬੰਧੀ ਬੇਨਤੀ ਹੈ ਕਿ ਪੰਜਾਬ ਸਰਕਾਰ, ਰਾਜ ਭਾਸ਼ਾ ਐਕਟ-2023 (ਤਰਮੀਮ) ਅਤੇ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਵੱਲੋਂ ਜਾਰੀ ਹੋਏ ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਵਿੱਚ ਸਮੂਹ ਸਰਕਾਰੀ ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆਂ/ਸੰਸਥਾਵਾਂ/ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖੇ ਜਾਣਾ ਲਾਜ਼ਮੀ ਹੈ। ਆਪ ਦੇ ਵਿਭਾਗ/ਅਦਾਰੇ ਦੇ ਅਧੀਨ ਆਉਂਦੇ ਜ਼ਿਲ੍ਹੇ ਦੇ ਸਾਰੇ ਦਫ਼ਤਰਾਂ/ਅਦਾਰਿਆਂ/ਸੰਸਥਾਵਾਂ/ਦੁਕਾਨਾਂ ਦੇ ਨਾਮ ਬੋਰਡ,ਨਾਮ ਪੱਟੀਆਂ ਅਤੇ ਸਾਈਨ ਬੋਰਡ/ਸੂਚਨਾ ਬੋਰਡ ਆਦਿ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖਣ ਤੋਂ ਪਹਿਲਾਂ ਉਸਦਾ ਨਮੂਨਾ ਇਸ ਦਫ਼ਤਰ ਦੀ ਈ-ਮੇਲ dlobti.pblanguages@gmail.com 'ਤੇ ਭੇਜ ਕੇ ਦਰੁਸਤ ਕਰਵਾ ਲਿਆ ਜਾਵੇ ਤਾਂ ਜੋ ਸ਼ਬਦ-ਜੋੜ ਵਿੱਚ ਗ਼ਲਤੀ ਦੀ ਕੋਈ ਗੁੰਜਾਇਸ਼ ਨਾ ਰਹੇ ਜੀ।

(ਕਿਰਪਾਲ ਸਿੰਘ)
ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2025/ 1324 ਮਿਤੀ: 04.02.25.

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ, ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।

Scanned with CamScanner